ਪੰਜਾਬ ਸਰਕਾਰ

ਸਕੂਲ ਸਿੱਖਿਆ ਵਿਭਾਗ

ਸੇਵਾ ਵਿਖੇ

ਸਮੂਹ ਜਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ./ਐ.ਸਿ.)
ਪੰਜਾਬ ਰਾਜ।

ਮੀਮੋ ਨੰ: 15/24-2020C0/33E/2021280092
ਮਿਤੀ: 18-08-2021

ਵਿਸ਼ਾ:- ਅਧਿਆਪਕਾਂ ਦੀਆਂ ਡਿਊਟੀਆਂ ਨਾਨ-ਟੀਚਿੰਗ ਕੰਮਾਂ ਲਈ ਨਾ ਲਗਾਉਣ ਸਬੰਧੀ।

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ।

2.0 ਜਿਵੇਂ ਕਿ ਆਪ ਨੂੰ ਪਤਾ ਹੈ ਕਿ ਪੰਜਾਬ ਸਰਕਾਰ ਦੁਆਰਾ ਲਏ ਫੈਸਲੇ ਅਨੁਸਾਰ ਇਸ ਸਮੇਂ ਪੰਜਾਬ ਰਾਜ ਦੇ ਸਾਰੇ ਹੀ ਸਕੂਲ ਖੋਲ੍ਹ ਦਿੱਤੇ ਗਏ ਹਨ ਅਤੇ ਸਕੂਲਾਂ ਵਿੱਚ ਇਸ ਸਮੇਂ ਅਧਿਆਪਕਾਂ ਦੀ ਸਖਤ ਲੋੜ ਹੈ। ਇਹ ਗੱਲ ਧਿਆਨ ਵਿੱਚ ਆਈ ਹੈ ਕਿ ਬਹੁਤ ਸਾਰੀਆਂ ਥਾਵਾਂ ਤੇ ਕੁਝ ਅਧਿਆਪਕਾਂ ਦੀ ਡਿਊਟੀ ਡਿਪਟੀ ਕਮਿਸ਼ਨਰ, ਐੱਸ.ਡੀ.ਐੱਮ. ਜਾਂ ਦੂਜੇ ਅਧਿਕਾਰੀਆਂ ਦੁਆਰਾ ਆਪਣੇ ਦਫ਼ਤਰਾਂ ਵਿੱਚ ਲਗਾਈ ਹੋਈ ਹੈ। ਆਪ ਨੂੰ ਲਿਖਿਆ ਜਾਂਦਾ ਹੈ ਕਿ ਇਨ੍ਹਾਂ ਸਾਰੇ ਅਧਿਆਪਕਾਂ ਦੇ ਵੇਰਵੇ ਜਿਲ੍ਹਾ ਸਿੱਖਿਆ ਅਫ਼ਸਰ ਦੇ ਦਫ਼ਤਰ ਵੱਲੋਂ ਵਿਭਾਗ ਦੁਆਰਾ ਦਿੱਤੀ ਗਈ ਗੂਗਲ ਫਾਰਮ https://docs.google.com/forms/d/e/1FAIpQLSfut544vTeT8msKhMeehBYBaGFAGwCOFAJm6AlmnANyJOhHHg/viewform?usp=sf_link ਵਿੱਚ ਭਰਕੇ ਭੇਜੇ ਜਾਣ (ਗੂਗਲ ਫਾਰਮ ਦਾ ਇਹ ਲਿੰਕ ਆਪ ਨੂੰ ਈ.ਮੇਲ ਰਾਹੀਂ ਵੀ ਭੇਜਿਆ ਜਾਂਦਾ ਹੈ)।

3.0 ਜਿਨ੍ਹਾਂ ਅਧਿਆਪਕਾਂ ਦੀ ਡਿਊਟੀ ਡਿਪਟੀ ਕਮਿਸ਼ਨਰ ਦੁਆਰਾ ਬਤੌਰ ਬੀ.ਐੱਲ.ਓ. ਲਗਾਈ ਗਈ ਹੈ, ਉਨ੍ਹਾ ਅਧਿਆਪਕਾਂ ਨੂੰ ਇਹ ਡਿਊਟੀ ਸਕੂਲ ਸਮੇਂ ਤੋਂ ਬਾਅਦ ਕਰਨ ਦੀ ਹਦਾਇਤ ਕੀਤੀ ਜਾਵੇ ਅਤੇ ਸਕੂਲ ਸਮੇਂ ਦੌਰਾਨ ਬੀ.ਐੱਲ.ਓ. ਡਿਊਟੀ ਲਈ ਕਿਸੇ ਵੀ ਅਧਿਆਪਕ ਨੂੰ ਫ਼ਾਰਗ ਨਾ ਕੀਤੇ ਜਾਵੇ। ਜਿੱਥੋਂ ਤੱਕ ਸੰਭਵ ਹੋਵੇ ਬੀ.ਐੱਲ.ਓ. ਡਿਊਟੀ ਲਈ ਨਾਨ-ਟੀਚਿੰਗ ਸਟਾਫ ਦੀ ਤਾਇਨਾਤੀ ਕੀਤੀ ਜਾਵੇ। ਇਸ ਦੌਰਾਨ ਉਨ੍ਹਾਂ ਅਧਿਆਪਕਾਂ ਦੀ ਡਿਊਟੀ ਲਗਾਉਣ ਲਈ ਡਿਪਟੀ ਕਮਿਸ਼ਨਰ ਨੂੰ ਬੇਨਤੀ ਕੀਤੀ ਜਾਵੇ, ਜਿਨ੍ਹਾਂ ਕੋਲ ਕੰਮ ਘੱਟ ਹੈ।

4.0 ਮੁੱਖ ਦਫ਼ਤਰ ਵਿੱਚ ਇਸ ਤਰ੍ਹਾਂ ਦੀਆਂ ਕੁਝ ਸ਼ਿਕਾਇਤਾਂ ਪ੍ਰਾਪਤ ਹੋਈਆਂ ਹਨ ਕਿ ਕਈ ਥਾਵਾਂ ਤੇ ਬੀ.ਐੱਲ.ਓ. ਡਿਊਟੀ ਦੇ ਨਾਂ ਤੇ ਅਧਿਆਪਕਾਂ ਦੀ ਡਿਊਟੀ ਲਗਾਉਣ ਉਪਰੰਤ ਉਨ੍ਹਾਂ ਨੂੰ ਕੁਝ ਹੋਰ ਕੰਮ ਦੇ ਦਿੱਤੇ ਜਾਂਦੇ ਹਨ, ਜੋ ਕਿ ਆਰ.ਟੀ.ਈ. ਐਕਟ ਦੀ ਉਲੰਘਣਾ ਹੈ। ਸਬੰਧਤ ਜਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਇਹ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਇਹ ਯਕੀਨੀ ਬਣਾਉਣ ਕਿ ਜਿਨ੍ਹਾਂ ਅਧਿਆਪਕਾਂ ਦੀ ਡਿਊਟੀ ਬਤੌਰ ਬੀ.ਐੱਲ.ਓ. ਲਗਾਈ ਜਾਂਦੀ ਹੈ ਉਹ ਕੇਵਲ ਬੀ.ਐੱਲ.ਓ. ਦਾ ਹੀ ਕੰਮ ਕਰਨ।

5.0 ਜਿੱਥੇ ਕਿਤੇ ਜਿਲ੍ਹਾ ਸਿੱਖਿਆ ਅਫ਼ਸਰਾਂ ਨੂੰ ਇਸ ਸਬੰਧੀ ਕੋਈ ਸੰਦੇਹ ਹੋਵੇ ਤਾਂ ਉਹ ਅਧਿਆਪਕਾਂ ਨੂੰ ਫ਼ਾਰਗ ਕਰਨ ਤੋਂ ਪਹਿਲਾਂ ਮੁੱਖ ਦਫ਼ਤਰ ਤੋਂ ਅਗਵਾਈ ਲੈ ਸਕਦੇ ਹਨ। ਇਸ ਕੰਮ ਲਈ ਸ੍ਰੀ ਸੁਨੀਲ ਕੁਮਾਰ, ਸਹਾਇਕ ਡਾਇਰੈਕਟਰ (ਮੋਬਾਇਲ ਨੰ. 88726-36747) ਨੂੰ ਬਤੌਰ ਨੋਡਲ ਅਫ਼ਸਰ ਤਾਇਨਾਤ ਕੀਤਾ ਗਿਆ ਹੈ।

6.0 ਉਪਰੋਕਤ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ।

ਸਕੱਤਰ ਸਕੂਲ ਸਿੱਖਿਆ

ਪਿੱਠ ਅੰਕਣ ਨੰ. ਉਕਤ/2021280093 ਮਿਤੀ: 18-08-2021

ਉਪਰੋਕਤ ਦਾ ਉਤਾਰਾ ਸ੍ਰੀ ਸੁਨੀਲ ਕੁਮਾਰ, ਸਹਾਇਕ ਡਾਇਰੈਕਟਰ, ਮੁੱਖ ਦਫ਼ਤਰ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਕੱਤਰ ਸਕੂਲ ਸਿੱਖਿਆ

ਦਫਤਰ ਜਿ. ਸਿੱਖਿਆ ਅਫਸਰ ਸੈ.ਸਿ. ਮਾਨਸਾ
ਈ.ਡਾ. ਨੰ 2021280316 ਮਿਤੀ 18.08.2021
ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ਸੂਚਨਾ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।
ਡਿਪਟੀ ਜ਼ਿਲ੍ਹਾ ਸਿੱਖਿਆ ਅਫਸਰ ਸੈ.ਸਿ.
ਮਾਨਸਾ

Scanned with CamScanner